# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

**ਮਿਤੀ :08-09-2026**

ਭਗਵੰਤ ਮਾਨ ਸਰਕਾਰ ਵੱਲੋਂ ਅੰਦੋਲਨਕਾਰੀ ਕਿਸਾਨ ਯੂਨੀਅਨਾਂ ਦੀਆਂ ਮੁੱਖ ਮੰਗਾਂ ਨੂੰ ਸਵੀਕਾਰ ਕਰਨ ਦੇ ਲਿਖਤੀ ਭਰੋਸੇ ਤੋਂ ਬਾਅਦ, ਚੰਡੀਗੜ੍ਹ-ਮੁਹਾਲੀ ਸਰਹੱਦ 'ਤੇ ਮੁਜ਼ਾਹਰਾ ਕਰ ਰਹੇ ਕਿਸਾਨਾਂ ਨੇ ਕਲ੍ਹ ਸ਼ਾਮ ਨੂੰ ਆਪਣਾ ਧਰਨਾ ਖਤਮ ਕਰ ਦਿੱਤਾ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਸਾਨ ਪ੍ਰਤੀਨਿਧੀਆਂ ਨੂੰ ਰਸਮੀ ਲਿਖਤੀ ਭਰੋਸਾ ਸੌਂਪਿਆ । ਲਿਖਤੀ ਸਮਝੌਤੇ ਮੁਤਾਬਿਕ, ਪੰਜਾਬ ਸਰਕਾਰ ਮੁੱਖ ਮੁੱਦਿਆਂ 'ਤੇ ਮਤੇ ਪਾਸ ਕਰਨ ਅਤੇ ਉਨ੍ਹਾਂ ਨੂੰ ਕੇਂਦਰ ਨੂੰ ਭੇਜਣ ਲਈ ਇੱਕ ਮਹੀਨੇ ਦੇ ਅੰਦਰ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਸੈਸ਼ਨ ਬੁਲਾਏਗੀ। ਇਨ੍ਹਾਂ ਵਿੱਚ ਦਹਾਕਿਆਂ ਪੁਰਾਣੇ ਗੈਰ-ਸੰਵਿਧਾਨਕ ਪਾਣੀ-ਵੰਡ ਸਮਝੌਤਿਆਂ 'ਤੇ ਮੁੜ੍ਹ ਵਿਚਾਰ ਕਰਨ, ਰਾਜ ਦੇ ਰਿਪੇਰੀਅਨ ਅਧਿਕਾਰਾਂ ਨੂੰ ਬਹਾਲ ਕਰਨ ਲਈ ਪੰਜਾਬ ਪੁਨਰਗਠਨ ਐਕਟ ਦੀਆਂ ਧਾਰਾਵਾਂ 78, 79 ਅਤੇ 80 ਨੂੰ ਰੱਦ ਕਰਨਾ, ਡੈਮ ਸੁਰੱਖਿਆ ਕਾਨੂੰਨ ਨੂੰ ਰੱਦ ਕਰਨਾ ਅਤੇ ਬੀਜ ਬਿੱਲ, 2025 ਨੂੰ ਵਾਪਸ ਲੈਣਾ ਸ਼ਾਮਿਲ ਏ ।

ਕਿਸਾਨਾਂ 'ਤੇ ਮਾਲੀ ਬੋਝ ਨੂੰ ਘਟਾਉਣ, ਖਾਸ ਕਰਕੇ ਪੰਜਾਬ ਰਾਜ ਸਹਿਕਾਰੀ ਬੈਂਕ ਅਤੇ ਸਹਿਕਾਰੀ ਸਭਾਵਾਂ ਤੋਂ ਲਏ ਗਏ ਕਰਜ਼ਿਆਂ ਲਈ, ਖੇਤੀਬਾੜੀ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਬਕਾਇਆ ਕਰਜ਼ਿਆਂ ਲਈ ਇੱਕ ਵਨ-ਟਾਈਮ ਸੈਟਲਮੈਂਟ ਨੀਤੀ ਤਿਆਰ ਕੀਤੀ ਜਾਵੇਗੀ।

---------------------------------------------------------------

ਪੰਜਾਬ ਕੈਬਿਨੇਟ ਮੰਤਰੀ ਮਹਿੰਦਰ ਭਗਤ ਨੇ Government Arts and Sports College, ਜਲੰਧਰ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜਲੰਧਰ ਪੱਛਮੀ ਦੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਉਦਘਾਟਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਮੰਤਰੀ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੇ ਸੂਬੇ ਭਰ ਵਿੱਚ ਇੱਕ ਮਜ਼ਬੂਤ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਏ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਤਹਿਤ ਸਾਲਾਨਾ ਖੇਡ ਮੁਕਾਬਲਿਆਂ ਨੇ ਨਾ ਸਿਰਫ਼ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਏ ਸਗੋਂ ਹਰ ਉਮਰ ਵਰਗ ਦੇ ਖਿਡਾਰੀਆਂ ਨੂੰ ਆਪਣਾ ਹੁਨਰ ਦਿਖਾਉਣ ਲਈ ਇੱਕ ਮੰਚ ਵੀ ਪ੍ਰਦਾਨ ਕੀਤਾ ਏ। ਸ੍ਰੀ ਭਗਤ ਨੇ ਕਿਹਾ ਕਿ ਸੂਬਾ ਸਰਕਾਰ ਜ਼ਮੀਨੀ ਪੱਧਰ 'ਤੇ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਲਈ ਪਿੰਡ ਪੱਧਰ 'ਤੇ ਆਧੁਨਿਕ ਖੇਡ ਮੈਦਾਨ

ਵਿਕਸਿਤ ਕਰ ਰਹੀ ਏ। ਕੈਬਨਿਟ ਮੰਤਰੀ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਉਣ ਲਈ ਖੇਡਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਵੀ ਕੀਤੀ।

---------------------------------------------------------------

ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵਿਭਾਗ ਦੇ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ ਲੋਕ ਨਿਰਮਾਣ ਵਿਭਾਗ ਦੇ ਅਧਿਕਾਰ ਖੇਤਰ ਵਿੱਚ ਆਉਣ ਵਾਲੀਆਂ ਸਾਰੀਆਂ ਸਰਕਾਰੀ ਇਮਾਰਤਾਂ, ਪੁਲਾਂ, ਅਤੇ ਪੁਲਾਂ ਦੇ ਹੋਰ ਢਾਂਚਿਆਂ ਦਾ ਸੁਰੱਖਿਆ ਨਿਰੀਖਣ (ਢਾਂਚਾਗਤ ਆਡਿਟ) ਕਰਨ ਦੇ ਹੁਕਮ ਜਾਰੀ ਕੀਤੇ ਨੇ। ਨਿਰੀਖਣ ਦੌਰਾਨ ਪਾਏ ਗਏ ਨੁਕਸ, ਖਾਮੀ ਜਾਂ ਕਮਜ਼ੋਰੀਆਂ ਨੂੰ ਜ਼ਰੂਰੀ ਰੋਕਥਾਮ ਉਪਾਅ, ਮੁਰੰਮਤ ਜਾਂ ਮੁੜ੍ਹਵਸੇਬਾ ਕਾਰਜ ਕਰਕੇ ਪਹਿਲ ਦੇ ਆਧਾਰ 'ਤੇ ਸੁਧਾਰਿਆ ਜਾਣਾ ਚਾਹੀਦਾ ਏ। ਉਨ੍ਹਾਂ ਸਪੱਸ਼ਟ ਕੀਤਾ ਕਿ ਜਿਨ੍ਹਾਂ ਸਰਕਾਰੀ ਇਮਾਰਤਾਂ ਨੂੰ ਅਸੁਰੱਖਿਅਤ ਐਲਾਨਿਆ ਗਿਆ ਏ, ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਉਦੋਂ ਤੱਕ ਵਰਤਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ ਜਦੋਂ ਤੱਕ ਦਰੁਸਤਗੀ ਦੇ ਜ਼ਰੂਰੀ ਕੰਮ ਪੂਰੇ ਨਹੀਂ ਹੋ ਜਾਂਦੇ ਅਤੇ ਉਨ੍ਹਾਂ ਨੂੰ ਦੁਬਾਰਾ ਸੁਰੱਖਿਅਤ ਨਹੀਂ ਐਲਾਨ ਦਿੱਤਾ ਜਾਂਦਾ. ਮੰਤਰੀ ਨੇ ਇਹ ਵੀ ਹਦਾਇਤ ਕੀਤੀ ਕਿ ਕਿਸੇ ਵੀ ਸਰਕਾਰੀ ਇਮਾਰਤ, ਜਾਂ ਪੁਲ ਆਦਿ ਦੀ ਢਾਂਚਾਗਤ ਮਜ਼ਬੂਤੀ ਨੂੰ ਪ੍ਰਭਾਵਿਤ ਕਰਨ ਵਾਲਾ

ਕੋਈ ਵੀ ਬਦਲਾਅ, ਸੋਧ, ਮਜ਼ਬੂਤੀ, ਓਸਨੂੰ ਚੌੜਾ ਕਰਨਾ, ਢਾਹੁਣਾ ਜਾਂ ਹੋਰ ਕੰਮ ਸਮਰੱਥ ਅਧਿਕਾਰੀ ਦੀ ਅਗਾਹੂੰ ਪ੍ਰਵਾਨਗੀ ਤੋਂ ਬਿਨਾਂ, ਨਹੀਂ ਕੀਤਾ ਜਾਣਾ ਚਾਹੀਦਾ। ਅਜਿਹੇ ਸਾਰੇ ਕੰਮ ਲਾਗੂ ਨੇਮਾਂ, ਤਕਨੀਕੀ ਕੋਡਾਂ ਅਤੇ ਵਿਭਾਗੀ ਹਦਾਇਤਾਂ ਮੁਤਾਬਿਕ ਕੀਤੇ ਜਾਣੇ ਚਾਹੀਦੇ ਨੇ.

---------------------------------------------------

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਕਲ੍ਹ ਸ਼ਾਮ ਨੂੰ ਨਵੀਂ ਅਨਾਜ ਮੰਡੀ, ਨਕੋਦਰ ਵਿਖੇ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ ’ਤੇ ਆਧਾਰਿਤ ਡ੍ਰੋਨ ਸ਼ੋਅ ਕਰਵਾਇਆ ਗਿਆ।  ਸ਼ੋਅ ਦੌਰਾਨ 500 ਡ੍ਰੋਨਾਂ ਰਾਹੀਂ ਆਸਮਾਨ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਉਨ੍ਹਾਂ ਦੇ ਸਮਾਜਿਕ ਬਰਾਬਰੀ, ਦਇਆ, ਸਮਾਜਿਕ ਨਿਆਂ, ਮਨੁੱਖਤਾ ਅਤੇ ਆਪਸੀ ਸਾਂਝ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਇਸ ਵਿਲਖਣ ਪਹਿਲਕਦਮੀ ਦਾ ਉਦੇਸ਼, ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਦੀਵੀਂ ਸਿੱਖਿਆਵਾਂ ਤੋਂ ਜਾਣੂ ਕਰਵਾਉਣਾ ਅਤੇ ਆਪਣੀ ਅਮੀਰ ਸਮਾਜਿਕ ਤੇ ਅਧਿਆਤਮਕ ਵਿਰਾਸਤ ਨਾਲ ਜੋੜਨਾ ਏ. ਇਸੇ ਤਰ੍ਹਾਂ ਗੁਰੂ ਜੀ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ

ਲਈ ਡਾਕੂਮੈਂਟਰੀ ਵੈਨਾਂ, ਮੈਰਾਥਨ ਅਤੇ ਹੋਰ ਉਪਰਾਲੇ ਕੀਤੇ ਜਾ ਰਹੇ ਨੇ. ਜ਼ਿਕਰਯੋਗ ਏ ਕਿ ਅੱਜ 8 ਸਤੰਬਰ ਨੂੰ ਲਾਇਲਪੁਰ ਖਾਲਸਾ ਕਾਲਜ, ਜਲੰਧਰ, 9 ਸਤੰਬਰ ਨੂੰ ਸ਼ਾਹਕੋਟ, 10 ਸਤੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰੰਧਾਵਾ ਮਸੰਦਾ ਅਤੇ 11 ਸਤੰਬਰ ਨੂੰ ਨਵੀਂ ਦਾਣਾ ਮੰਡੀ ਫਿਲੌਰ ਵਿਖੇ ਡ੍ਰੋਨ ਸ਼ੋਅ ਕਰਵਾਏ ਜਾਣਗੇ ।

---------------------------------------------------------

ਜਨਤਕ ਵੰਡ ਪ੍ਰਣਾਲੀ (ਪੀ.ਡੀ.ਐਸ.) ਦੀ ਮਹੱਤਤਾ 'ਤੇ ਜ਼ੋਰ ਦੇਣ ਅਤੇ ਇਸ ਨੂੰ ਹੋਰ ਸੁਚਾਰੂ ਬਣਾਉਣ ਦੇ ਮੰਤਵ ਨਾਲ ਕਲ੍ਹ ਚੰਡੀਗੜ੍ਹ ਦੇ ਸੈਕਟਰ 26 ਸਥਿਤ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸਨ ਸੰਸਥਾਨ ਵਿਖੇ ਇੱਕ ਸੈਮੀਨਾਰ ਕਰਵਾਇਆ ਗਿਆ। ਪੀ.ਡੀ.ਐਸ. ਸੁਧਾਰ, ਪਾਰਦਰਸ਼ਿਤਾ, ਤਕਨੋਲਜੀ ਅਤੇ ਪੋਰਟੇਬਿਲਟੀ 'ਤੇ ਕੇਂਦਰਿਤ ਇਸ ਸੈਮੀਨਾਰ ਵਿੱਚ ਵੱਖ-ਵੱਖ ਬੁਲਾਰਿਆਂ ਨੇ ਲਾਭਪਾਤਰੀਆਂ ਦੇ ਲਾਭ ਲਈ ਪੀ.ਡੀ.ਐਸ. ਨੂੰ ਹੋਰ ਮਜ਼ਬੂਤ ਬਣਾਉਣ ਲਈ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਚੰਗਾ ਕੰਮ ਕਰਨ ਵਾਲੇ ਡਿਪੂ ਹੋਲਡਰਾਂ ਨੂੰ ਪ੍ਰਸ਼ੰਸਾ ਪੱਤਰ ਵੀ ਦਿੱਤੇ ਗਏ।

---------------------------------------------------------

'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 230ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਪਛਾਣੇ ਗਏ ਅਤੇ ਮੈਪ ਕੀਤੇ

558 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ । ਜ਼ਿਕਰਯੋਗ ਏ ਕਿ ‘ਗੈਂਗਸਟਰਾਂ ਤੇ ਵਾਰ’ - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਏ, ਜੋ 20 ਜਨਵਰੀ, 2026 ਨੂੰ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਨੇ. 230ਵੇਂ ਦਿਨ, ਪੁਲਿਸ ਟੀਮਾਂ ਨੇ 311 ਵਿਅਕਤੀਆਂ ਨੂੰ ਦੋ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ 68,ਹਜ਼ਾਰ 699 ਗ੍ਰਿਫ਼ਤਾਰੀਆਂ ਹੋਈਆਂ ਨੇ.

-----------------------------------------------------

ਹਾਕੀ ਵਿੱਚ, ਭਾਰਤ ਦੀ ਜੂਨੀਅਰ ਮਰਦਾਂ ਦੀ ਟੀਮ ਅੱਜ ਚੀਨ ਦੇ ਮੋਕੀ ਵਿੱਚ ਦੱਖਣੀ ਕੋਰੀਆ ਨੂੰ 7-3 ਨਾਲ ਹਰਾ ਕੇ ਏਸ਼ੀਆ ਕੱਪ ਦੇ ਸੈਮੀਫਾਈਨਲ ਵਿੱਚ ਜਗ੍ਹਾ ਬਣਾਉਣ ਦੇ ਨੇੜੇ ਪਹੁੰਚ ਗਈ ਏ । ਮੌਜੂਦਾ ਚੈਂਪੀਅਨ ਦੇ ਹੁਣ ਤਿੰਨ ਮੈਚਾਂ ਵਿੱਚ ਸੱਤ ਅੰਕ ਨੇ ਅਤੇ ਸੈਮੀਫਾਈਨਲ ਵਿੱਚ ਥਾਂ ਪੱਕੀ ਕਰਨ ਲਈ ਕੱਲ੍ਹ ਚੀਨੀ ਤਾਈਪੇ ਵਿਰੁੱਧ ਜਿੱਤ ਦੀ ਲੋੜ ਏ ।

-----------------------------------------------------